ਜਗ ਬਾਣੀ
ਸ਼ੁੱਕਰਵਾਰ FRIDAY 10 ਮਾਰਚ 2017

# ਅੰਤਰਰਾਸ਼ਟਰੀ ਮਹਿਲਾ ਦਿਵਸ ਮਨਾਇਆ



ਬੇਲਾ-ਬੇਲਾ ਕਾਲਜ ਮਨਾਏ ਅੰਤਰਰਾਸ਼ਟਰੀ ਮਹਿਲਾ ਦਿਵਸ ਦੇ ਦ੍ਰਿਸ਼।

ਇਸੇ ਤਰ੍ਹਾਂ ਅਮਰ ਸ਼ਹੀਦ ਬਾਬਾ ਅਜੀਤ ਸਿੰਘ ਜੁਝਾਰ ਸਿੰਘ ਮੈਮੋਰੀਅਲ ਕਾਲਜ ਬੇਲਾ ਵਿਖੇ ਵੀ ਅੰਤਰਰਾਸ਼ਟਰੀ ਮਹਿਲਾ ਦਿਵਸ ਮਨਾਇਆ ਗਿਆ। ਸਮਾਗਮ ਵਿਚ ਪੁਲਸ ਕਪਤਾਨ ਏਸ਼ੀਆ ਗੋਲਡ ਮੈਡਲਿਸਟ ਗੁਰਵਿੰਦਰਜੀਤ ਕੌਰ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਮਹਿਲਾ ਦਿਵਸ ਦੀ ਕਨਵੀਨਰ ਡਾ. ਸਤਵੰਤ ਕੌਰ ਸ਼ਾਹੀ ਨੇ ਸ਼ੁਰੂਆਤੀ ਸ਼ਬਦਾਂ ਵਿਚ ਇਸ ਦਿਨ ਤੇ ਕਾਲਜ ਦੀਆਂ ਵਿਦਿਆਰਥਣਾਂ ਵੱਲੋਂ ਮਹਿੰਦੀ ਮੁਕਾਬਲੇ ਤੇ ਲੇਖ ਮੁਕਾਬਲੇ ਬਾਰੇ ਦੱਸਿਆ। ਇਸ ਮੌਕੇ ਰਵਿੰਦਰ ਸਿੰਘ ਸਰਾਂਹ, ਪ੍ਰੋ. ਮਮਤਾ ਅਰੋੜਾ, ਡਾ. ਹਰਪ੍ਰੀਤ ਕੌਰ ਤੇ ਪ੍ਰੋ. ਬਲਪ੍ਰੀਤ ਕੌਰ ਨੇ ਵੀ ਵਿਚਾਰ ਸਾਂਝੇ ਕੀਤੇ।

ਗੁਰਵਿੰਦਰਜੀਤ ਕੌਰ ਪੁਲਸ ਕਪਤਾਨ ਨੇ ਔਰਤਾਂ ਨੂੰ ਦਰਪੇਸ਼ ਸਮੱਸਿਆਵਾਂ ਤੇ ਉਨ੍ਹਾਂ ਦਾ ਸਾਹਮਣਾ ਕਰਨ ਦੇ ਆਪਣੇ ਤਜਰਬੇ ਸਾਂਝੇ ਕੀਤੇ। ਉਨ੍ਹਾਂ ਜੇਤੂ ਵਿਦਿਆਰਥੀਆਂ ਨੂੰ ਇਨਾਮ ਤਕਸੀਮ ਕੀਤੇ। ਅੰਤ ਵਿਚ ਪ੍ਰਿੰਸੀਪਲ ਸੁਖਦੇਵ ਸਿੰਘ ਤੇ ਕਾਲਜ ਦੇ ਮਹਿਲਾ ਸੈੱਲ ਨੇ ਮੁੱਖ ਮਹਿਮਾਨ ਨੂੰ ਮੋਮੈਂਟੋ ਦੇ ਕੇ ਸਨਮਾਨਿਤ ਕੀਤਾ। ਸਮਾਗਮ ਵਿਚ ਸੁਖਵਿੰਦਰ ਸਿੰਘ ਵਿਸ਼ਕੀ, ਪ੍ਰੋ. ਰਮਨਦੀਪ ਕੌਰ, ਡਾ. ਪਰਮਜੀਤ ਕੌਰ, ਪ੍ਰੋ. ਗਗਨਦੀਪ ਕੌਰ ਤੇ ਪ੍ਰੋ. ਰਿਤੂ ਬਾਲਾ ਆਦਿ ਹਾਜ਼ਰ ਸਨ।